ਡੀ.ਸੀ. ਨੇ ਆਜ਼ਾਦੀ ਦਿਵਸ ਰਿਹਰਸਲ ਦਾ ਲਿਆ ਜਾਇਜ਼ਾ

ਲੁਧਿਆਣਾ, 13 ਅਗਸਤ (ਵਿਸ਼ਾਲ ਸ਼ਰਮਾ): 80ਵੇਂ ਆਜ਼ਾਦੀ ਦਿਵਸ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ ਵੀਰਵਾਰ ਨੂੰ ਸਥਾਨਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ) ਲੁਧਿਆਣਾ ਦੇ ਮੈਦਾਨ ਵਿੱਚ ਹੋਈ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਪਰੇਡ ਦੀ ਪ੍ਰਧਾਨਗੀ ਕੀਤੀ ਅਤੇ ਝੰਡਾ ਲਹਿਰਾਇਆ। ਉਨ੍ਹਾਂ ਨੇ ਪਰੇਡ ਕਮਾਂਡਰ ਪੀ.ਪੀ.ਐਸ ਅਫਸਰ ਹਰਸ਼ਪ੍ਰੀਤ ਸਿੰਘ ਦੀ ਅਗਵਾਈ ਹੇਠ ਪੰਜਾਬ ਪੁਲਿਸ (ਪੁਰਸ਼ ਅਤੇ ਮਹਿਲਾ), ਪੰਜਾਬ ਹੋਮ ਗਾਰਡ, ਐਨ.ਸੀ.ਸੀ ਸਕਾਊਟਸ (ਲੜਕੇ ਅਤੇ ਲੜਕੀਆਂ) ਅਤੇ ਹੋਰਾਂ ਸਮੇਤ ਮਾਰਚ ਪਾਸਟ ਵਿੱਚ ਭਾਗ ਲੈਣ ਵਾਲੀਆਂ ਟੁਕੜੀਆਂ ਤੋਂ ਸਲਾਮੀ ਵੀ ਲਈ। ਇਸ ਮੌਕੇ ਡਿਪਟੀ ਕਮਿਸ਼ਨਰ ਦੇ ਨਾਲ ਡੀ.ਸੀ.ਪੀ. ਹਰਪਾਲ ਸਿੰਘ ਅਤੇ ਏ.ਡੀ.ਸੀ. ਸ਼ਿਖਾ ਭਗਤ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਰਹੇ।

ਮਾਰਚ ਪਾਸਟ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪੀ.ਟੀ. ਸ਼ੋਅ ਪੇਸ਼ ਕੀਤਾ ਗਿਆ। ਇਸ ਉਪਰੰਤ ਵੱਖ-ਵੱਖ ਸਰਕਾਰੀ ਅਤੇ ਨਿੱਜੀ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਨਾਲ ਭਰਪੂਰ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ। ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਵਿੱਚ ਦੇਸ਼ ਪ੍ਰਤੀ ਪਿਆਰ, ਏਕਤਾ, ਅਖੰਡਤਾ ਅਤੇ ਰਾਸ਼ਟਰੀ ਭਾਵਨਾ ਦਾ ਸੁੰਦਰ ਸੰਦੇਸ਼ ਦਿੱਤਾ ਗਿਆ। ਫੁੱਲ ਡਰੈੱਸ ਰਿਹਰਸਲ ਉਪਰੰਤ ਡੀ.ਸੀ ਨੇ ਸਟੇਡੀਅਮ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ 15 ਅਗਸਤ ਨੂੰ ਹੋਣ ਵਾਲੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਡੀ.ਸੀ ਨੇ ਦੱਸਿਆ ਕਿ ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ 15 ਅਗਸਤ ਨੂੰ ਪੀ.ਏ.ਯੂ. ਲੁਧਿਆਣਾ ਵਿਖੇ ਹੋਣ ਵਾਲੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਦੀ ਪ੍ਰਧਾਨਗੀ ਕਰਨਗੇ। ਡੀ.ਸੀ ਨੇ ਅਧਿਕਾਰੀਆਂ ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਸਮਾਗਮ ਦੌਰਾਨ ਆਉਣ ਵਾਲੇ ਮਹਿਮਾਨਾਂ, ਭਾਗੀਦਾਰਾਂ ਅਤੇ ਆਮ ਲੋਕਾਂ ਦੀ ਸਹੂਲਤ ਲਈ ਸਾਰੇ ਲੋੜੀਂਦੇ ਪ੍ਰਬੰਧ ਪਹਿਲਾਂ ਹੀ ਮੁਕੰਮਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 80ਵੇਂ ਆਜ਼ਾਦੀ ਦਿਵਸ ਸਮਾਗਮ ਨੂੰ ਪੂਰੇ ਮਾਣ-ਸਨਮਾਨ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਉਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ।

ਏ.ਡੀ.ਸੀ. ਵੱਲੋਂ ਕਰਨੈਲ ਸਿੰਘ ਈਸੜੂ ਯਾਦਗਾਰੀ ਸ਼ਹੀਦੀ ਸਮਾਗਮ ਦੀ ਸਮੀਖਿਆ

ਈਸੜੂ/ਖੰਨਾ, 13 ਅਗਸਤ (ਸੰਜੀਵ ਲਹਿਲ): ਵਧੀਕ ਡਿਪਟੀ ਕਮਿਸ਼ਨਰ ਜਸ਼ਨਪ੍ਰੀਤ ਕੌਰ ਗਿੱਲ ਵੱਲੋਂ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੇ ਸ਼ਹੀਦੀ ਦਿਵਸ ਸਬੰਧੀ 15 ਅਗਸਤ ਨੂੰ ਹੋਣ ਵਾਲੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜਾ ਲੈਣ ਲਈ ਪਿੰਡ ਈਸੜੂ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਏ.ਡੀ.ਸੀ ਜਸ਼ਨਪ੍ਰੀਤ ਕੌਰ ਗਿੱਲ ਨੇ ਦੱਸਿਆ ਕਿ ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਪਿੰਡ ਈਸੜੂ ਵਿਖੇ ਸ਼ਹੀਦ ਮਾਸਟਰ ਕਰਨੈਲ ਸਿੰਘ ਈਸੜੂ ਦੇ ਸ਼ਹੀਦੀ ਦਿਵਸ ਤੇ ਰਾਜ ਪੱਧਰੀ ਸਮਾਗਮ ਮੌਕੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਰਾਜ ਪੱਧਰੀ ਸਮਾਗਮ ਸਬੰਧੀ ਪਿੰਡ ਈਸੜੂ ਵਿਖੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਰਿਵਿਊ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਏ.ਡੀ.ਸੀ ਨੇ ਉਨ੍ਹਾਂ ਨੂੰ ਰਾਜ ਪੱਧਰੀ ਸਮਾਗਮ ਦੇ ਪੁਖਤਾ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਦਿਸ਼ਾ ਨਿਰਦੇਸ਼ ਦਿੱਤੇ। ਏ.ਡੀ.ਸੀ ਨੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਸੁਰੱਖਿਆ, ਆਵਾਜਾਈ, ਪਾਰਕਿੰਗ ਪ੍ਰਬੰਧਾਂ, ਨਿਰਵਿਘਨ ਬਿਜਲੀ ਸਪਲਾਈ, ਸਹੀ ਸਫ਼ਾਈ ਵਿਵਸਥਾ ਆਦਿ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰੇ ਕੀਤੇ। ਉਨ੍ਹਾਂ ਇਸ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦੀ ਡੂੰਘਾਈ ਨਾਲ ਨਿਗਰਾਨੀ ਕਰਨ ਲਈ ਸੀਨੀਅਰ ਅਧਿਕਾਰੀਆਂ ਦੀਆਂ ਡਿਊਟੀਆਂ ਵੀ ਤੈਅ ਕੀਤੀਆਂ। ਉਨ੍ਹਾਂ ਪੁਲਿਸ ਵਿਭਾਗ ਨੂੰ ਰਾਜ ਪੱਧਰੀ ਸਮਾਗਮ ਦੌਰਾਨ ਅਮਨ-ਕਾਨੂੰਨ ਬਣਾਈ ਰੱਖਣ ਲਈ ਲੋੜੀਂਦੇ ਪ੍ਰਬੰਧ ਕਰਨ ਲਈ ਵੀ ਕਿਹਾ ਗਿਆ।

ਸਤਲੁਜ 'ਚ ਨਾਜਾਇਜ਼ ਰੇਤ ਮਾਈਨਿੰਗ ਦੇ ਦੋਸ਼, ਪੁਲਿਸ 'ਤੇ ਮਾਈਨਿੰਗ ਵਿਭਾਗ ਦੀ ਚੁੱਪੀ 'ਤੇ ਉੱਠੇ ਸਵਾਲ

ਸਾਹਨੇਵਾਲ / ਕੁਹਾੜਾ, 13 ਅਗਸਤ (ਕੁਲਦੀਪ ਸਿੰਘ ਕੁਹਾੜਾ) : ਵਿਧਾਨ ਸਭਾ ਹਲਕਾ ਸਾਹਨੇਵਾਲ ਨਾਲ ਲੱਗਦੇ ਸਤਲੁਜ ਦਰਿਆ ਵਿੱਚ ਸਰਕਾਰੀ ਨਿਯਮਾਂ ਨੂੰ ਛਿੱਕੇ ਟੰਗ ਕੇ ਰਾਤ ਦੇ ਸਮੇਂ ਟਰਾਲੀਆਂ ਅਤੇ ਟਿੱਪਰਾਂ ਰਾਹੀਂ ਰੇਤ ਦੀ ਕਥਿਤ ਨਾਜਾਇਜ਼ ਮਾਈਨਿੰਗ ਕੀਤੇ ਜਾਣ ਦੇ ਦੋਸ਼ ਲੱਗ ਰਹੇ ਹਨ। ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਦਰਿਆ ਵਿੱਚੋਂ ਰੇਤ ਕੱਢਣ ਦਾ ਇਹ ਕੰਮ ਕਥਿਤ ਤੌਰ 'ਤੇ ਲਗਾਤਾਰ ਜਾਰੀ ਹੈ, ਜਦਕਿ ਬਰਸਾਤ ਦੇ ਮੌਸਮ ਦੌਰਾਨ ਦਰਿਆਵਾਂ ਵਿੱਚ ਖੁਦਾਈ ਸਬੰਧੀ ਅਦਾਲਤੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣੀ ਜ਼ਰੂਰੀ ਹੈ।

ਇਸ ਮਾਮਲੇ ਵਿੱਚ ਸਭ ਤੋਂ ਵੱਡਾ ਸਵਾਲ ਇਹ ਉੱਠ ਰਿਹਾ ਹੈ ਕਿ ਜੇਕਰ ਰਾਤ ਦੇ ਸਮੇਂ ਵੱਡੀ ਗਿਣਤੀ ਵਿੱਚ ਟਰਾਲੀਆਂ ਅਤੇ ਟਿੱਪਰ ਦਰਿਆ ਵੱਲ ਆ-ਜਾ ਰਹੇ ਹਨ ਤਾਂ ਪੁਲਿਸ ਅਤੇ ਮਾਈਨਿੰਗ ਵਿਭਾਗ ਦੇ ਅਧਿਕਾਰੀਆਂ ਨੂੰ ਇਸ ਦੀ ਜਾਣਕਾਰੀ ਕਿਉਂ ਨਹੀਂ ਹੋ ਰਹੀ। ਲੋਕਾਂ ਨੇ ਮੰਗ ਕੀਤੀ ਹੈ ਕਿ ਸਬੰਧਤ ਵਿਭਾਗ ਮੌਕੇ 'ਤੇ ਜਾਂਚ ਕਰਕੇ ਸਪੱਸ਼ਟ ਕਰੇ ਕਿ ਦਰਿਆ ਵਿੱਚੋਂ ਰੇਤ ਕੱਢਣ ਲਈ ਕਿਸੇ ਕੋਲ ਕਾਨੂੰਨੀ ਮਨਜ਼ੂਰੀ ਹੈ ਜਾਂ ਨਹੀਂ।

ਦੋਸ਼ ਇਹ ਵੀ ਹਨ ਕਿ ਕਥਿਤ ਰੇਤ ਕਾਰੋਬਾਰੀਆਂ ਵੱਲੋਂ ਦਿਨ ਚੜ੍ਹਦੇ ਹੀ ਸਬੰਧਤ ਵਿਅਕਤੀਆਂ ਤੱਕ 'ਹਿੱਸਾ' ਪਹੁੰਚਾਉਣ ਦੀਆਂ ਗੱਲਾਂ ਇਲਾਕੇ ਵਿੱਚ ਚਰਚਾ ਦਾ ਵਿਸ਼ਾ ਬਣੀਆਂ ਹੋਈਆਂ ਹਨ। ਇਨ੍ਹਾਂ ਦੋਸ਼ਾਂ ਦੀ ਵੀ ਕਿਸੇ ਸੁਤੰਤਰ ਜਾਂ ਸਰਕਾਰੀ ਜਾਂਚ ਰਾਹੀਂ ਪੁਸ਼ਟੀ ਹੋਣੀ ਬਾਕੀ ਹੈ। ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸਤਲੁਜ ਦਰਿਆ ਦੇ ਸੰਵੇਦਨਸ਼ੀਲ ਖੇਤਰਾਂ ਵਿੱਚ ਰਾਤ ਸਮੇਂ ਵਿਸ਼ੇਸ਼ ਚੈਕਿੰਗ ਕਰਵਾਈ ਜਾਵੇ, ਸੀਸੀਟੀਵੀ ਅਤੇ ਹੋਰ ਸਾਧਨਾਂ ਰਾਹੀਂ ਵਾਹਨਾਂ ਦੀ ਆਵਾਜਾਈ ਦੀ ਜਾਂਚ ਕੀਤੀ ਜਾਵੇ ਅਤੇ ਜੇਕਰ ਨਾਜਾਇਜ਼ ਮਾਈਨਿੰਗ ਦੇ ਦੋਸ਼ ਸਹੀ ਪਾਏ ਜਾਂਦੇ ਹਨ ਤਾਂ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।

ਹੁਣ ਦੇਖਣਾ ਇਹ ਹੈ ਕਿ ਪੁਲਿਸ ਅਤੇ ਮਾਈਨਿੰਗ ਵਿਭਾਗ ਇਨ੍ਹਾਂ ਦੋਸ਼ਾਂ ਦੀ ਜਾਂਚ ਕਰਕੇ ਸਤਲੁਜ ਦਰਿਆ ਵਿੱਚ ਚੱਲ ਰਹੇ ਕਥਿਤ ਨਾਜਾਇਜ਼ ਰੇਤ ਕਾਰੋਬਾਰ 'ਤੇ ਰੋਕ ਲਗਾਉਂਦੇ ਹਨ ਜਾਂ ਇਹ ਮਾਮਲਾ ਵੀ ਸਰਕਾਰੀ ਫਾਈਲਾਂ ਤੱਕ ਹੀ ਸੀਮਤ ਰਹਿ ਜਾਂਦਾ।

ਮੁਲਾਜ਼ਮ ਜਥੇਬੰਦੀਆਂ ਨੂੰ 'ਐਂਟੀ ਸਟੇਟ' ਕਹਿਣ 'ਤੇ ਵਿੱਤ ਮੰਤਰੀ ਦਾ ਫੂਕਿਆ ਪੁਤਲਾ

ਲੁਧਿਆਣਾ, 13 ਅਗਸਤ (ਵਿਸ਼ਾਲ ਸ਼ਰਮਾ): ਵਿੱਤ ਮੰਤਰੀ ਪੰਜਾਬ ਵੱਲੋਂ ਪੰਜਾਬ ਦੀ ਮੁਲਾਜ਼ਮ ਜਥੇਬੰਦੀਆਂ ਨੂੰ ਐਂਟੀ ਸਟੇਟ ਦੱਸਣ 'ਤੇ ਅੱਜ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ, ਵੱਲੋਂ ਪੰਜਾਬ ਭਰ ਵਿੱਚ ਡੀ.ਸੀ. ਦਫ਼ਤਰਾਂ ਅੱਗੇ ਰੋਸ ਧਰਨਿਆਂ ਦਾ ਸੱਦਾ ਦਿੱਤਾ ਗਿਆ, ਜਿਸ ਦੇ ਤਹਿਤ ਅੱਜ ਡੀ.ਸੀ. ਦਫ਼ਤਰ ਲੁਧਿਆਣਾ ਵਿਖੇ ਜ਼ਿਲ੍ਹੇ ਦੀਆਂ ਸਮੂਹ ਕਲੈਰੀਕਲ ਮੁਲਾਜ਼ਮ ਵੱਲੋਂ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੇ ਪੁਤਲੇ ਫੂਕੇ ਗਏ ਪੰਜਾਬ ਸਰਕਾਰ ਅਤੇ ਵਿੱਤ ਮੰਤਰੀ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਸੰਦੀਪ ਭੁੰਬਕ, ਬਲਜਿੰਦਰ ਸਿੰਘ, ਹਰਵਿੰਦਰ ਸਿੰਘ, ਰਾਕੇਸ਼ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮੰਤਰੀ ਜੋ ਸਾਡੀਆਂ ਮੁਲਾਜ਼ਮਾਂ ਦੀ ਰੈਲੀਆ ਵਿੱਚ ਸਟੇਜ ਤੇ ਬੈਠ ਕੇ ਫੋਟੋਆਂ ਕਰਦੇ ਸਨ, ਅੱਜ ਉਹ ਸਾਨੂੰ ਐਂਟੀ ਸਟੇਟ ਦੱਸ ਰਹੇ ਹਨ। ਸਾਡੀਆਂ ਵੋਟਾਂ 'ਤੇ ਸਰਕਾਰ ਬਣਾਈ ਅਤੇ ਹੁਣ ਆਪਣੇ ਵਾਅਦਿਆਂ ਤੋਂ ਮੁੱਕਰ ਰਹੇ ਹਨ। ਜਥੇਬੰਦੀ ਦੇ ਆਗੂਆਂ ਨੇ ਇਹ ਵੀ ਕਿਹਾ ਕਿ ਅਗਰ ਵਿੱਤ ਮੰਤਰੀ ਆਪਣਾ ਬਿਆਨ ਵਾਪਿਸ ਨਹੀ ਲੈਂਦੇ ਤਾਂ 2027 ਵਿੱਚ ਸਾਰੇ ਮੁਲਾਜ਼ਮ ਵਿੱਤ ਮੰਤਰੀ ਅਤੇ ਆਮ ਆਦਮੀ ਪਾਰਟੀ ਦਾ ਬਾਈਕਾਟ ਕਰਨਗੇ। ਇਸ ਮੌਕੇ ਕੁਲਜਿੰਦਰ ਸਿੰਘ ਬੱਦੋਵਾਲ, ਰਜਿੰਦਰ ਕੌਰ, ਪ੍ਰਦੀਪ ਕੁਮਾਰ ਹਰਵਿੰਦਰ ਸਿੰਘ ਧਰਮਪਾਲ ਪਾਲੀ ਰਾਜਵੰਤ ਕੌਰ ਅਵਤਾਰ ਸਿੰਘ ਦਵਿੰਦਰ ਸਿੰਘ ਰਮੇਸ਼ ਕੁਮਾਰ ਭਰਤ ਲਾਲ ਵਿਨੋਦ ਕੁਮਾਰ,ਬਸੰਤ ਸਿੰਘ, ਸਮੇਤ ਸਮੇਤ ਵੱਡੀ ਗਿਣਤੀ ਵਿੱਚ ਆਗੂ ਅਤੇ ਮੁਲਾਜ਼ਮ ਹਾਜ਼ਰ ਸਨ।

ਤੀਆਂ ਦੇ ਰੰਗ ਵਿੱਚ ਰੰਗਿਆ ਜੀ.ਏ.ਡੀ. ਕਾਨਵੈਂਟ ਸਕੂਲ

ਲੁਧਿਆਣਾ, 13 ਅਗਸਤ (ਰਵਿੰਦਰ ਸਿੰਘ ਨਿੱਝਰ): ਜੀ.ਏ.ਡੀ. ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ, ਖੁਸ਼ੀ ਅਤੇ ਪੰਜਾਬੀ ਸੱਭਿਆਚਾਰਕ ਰੰਗ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੀਆਂ ਵਿਦਿਆਰਥਣਾਂ ਅਤੇ ਅਧਿਆਪਕਾਂ ਨੇ ਪੰਜਾਬੀ ਪਹਿਰਾਵਿਆਂ ਵਿੱਚ ਸਜ-ਧਜ ਕੇ ਸਮਾਗਮ ਦੀ ਰੌਣਕ ਵਧਾਈ ਅਤੇ ਗਿੱਧੇ ਸਮੇਤ ਵੱਖ-ਵੱਖ ਸੱਭਿਆਚਾਰਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ।

ਸਮਾਗਮ ਦੀ ਸਫਲਤਾ ਵਿੱਚ ਸਕੂਲ ਦੇ ਮਾਣਯੋਗ ਚੇਅਰਮੈਨ ਸੁਰਿੰਦਰ ਪਾਲ ਗਰਗ ਅਤੇ ਮੈਨੇਜਿੰਗ ਡਾਇਰੈਕਟਰ ਗੌਰਵ ਗਰਗ ਜੀ ਦਾ ਵਿਸ਼ੇਸ਼ ਯੋਗਦਾਨ ਅਤੇ ਪ੍ਰੇਰਣਾਦਾਇਕ ਸਹਿਯੋਗ ਰਿਹਾ। ਉਨ੍ਹਾਂ ਦੀ ਦੂਰਦਰਸ਼ੀ ਸੋਚ ਅਤੇ ਪੰਜਾਬੀ ਸੱਭਿਆਚਾਰ ਨਾਲ ਜੁੜੇ ਰਹਿਣ ਦੀ ਪ੍ਰੇਰਣਾ ਸਦਕਾ ਸਕੂਲ ਵਿੱਚ ਅਜਿਹੇ ਸੱਭਿਆਚਾਰਕ ਸਮਾਗਮਾਂ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ। ਇਸ ਮੌਕੇ ਮੈਨੇਜਮੈਂਟ ਦੇ ਮੈਂਬਰ ਸਰਿਤਾ ਗਰਗ ਅਤੇ ਲਾਕਸ਼ੀ ਗਰਗ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਵਿਦਿਆਰਥਣਾਂ ਦਾ ਉਤਸ਼ਾਹ ਵਧਾਇਆ। ਪ੍ਰਿੰਸੀਪਲ ਮਨਪ੍ਰੀਤ ਕੌਰ ਭੱਠਲ ਨੇ ਸਮੂਹ ਵਿਦਿਆਰਥਣਾਂ ਅਤੇ ਅਧਿਆਪਕਾਂ ਨੂੰ ਤੀਆਂ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਟਕਸਾਲੀ ਅਕਾਲੀ ਆਗੂ ਖ਼ਾਲਸਾ ਬਣੇ ਅਕਾਲੀ ਦਲ ਦੀ ਪੀ.ਏ.ਸੀ. ਦੇ ਮੈਂਬਰ

ਲੁਧਿਆਣਾ, 13 ਅਗਸਤ (ਰਵਿੰਦਰ ਸਿੰਘ ਨਿੱਝਰ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਬਣਾਈ ਗਈ ਅਕਾਲੀ ਦਲ ਦੀ ਰਾਜਸੀ ਮਾਮਲਿਆਂ ਵਾਲੀ ਕਮੇਟੀ ਪੀ.ਏ.ਸੀ. ਦੇ ਵੱਖ ਵੱਖ ਜ਼ਿਲ੍ਹਿਆਂ 'ਚੋਂ ਲਏ ਗਏ ਮੈਂਬਰਾਂ ਵਿੱਚੋਂ ਲੁਧਿਆਣੇ ਤੋਂ ਹੋਰਾਂ ਤੋਂ ਇਲਾਵਾ ਰਵਿੰਦਰ ਪਾਲ ਸਿੰਘ ਖਾਲਸਾ ਨੂੰ ਵੀ ਮੈਂਬਰ ਨਿਯੁਕਤ ਕੀਤਾ ਗਿਆ ਹੈ। ਸ਼੍ਰੀ ਖਾਲਸਾ ਟਕਸਾਲੀ ਆਗੂ ਹਨ ਜੋ ਕਿ 1984 ਵਿੱਚ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਵਿੱਚ ਆਏ ਅਤੇ ਜ਼ਿਲ੍ਹੇ ਦੇ ਜਨਰਲ ਸਕੱਤਰ ਬਣੇ। 1991 ਵਿੱਚ ਉਹ ਸ਼੍ਰੋਮਣੀ ਅਕਾਲੀ ਦਲ ਵਿੱਚ ਆ ਗਏ ਜਿੱਥੇ ਕਿ ਲੁਧਿਆਣੇ ਦੇ ਨਗਰ ਨਿਗਮ ਦੀ ਹੋਈ ਚੋਣ ਵਿੱਚ ਕੌਂਸਲਰ ਚੁਣੇ ਗਏ। ਉਹ ਹੁਣ ਤੱਕ ਸ਼੍ਰੋਮਣੀ ਅਕਾਲੀ ਦਲ ਦੀ ਜਨਰਲ ਕੌਂਸਲ ਦੇ ਮੈਂਬਰ ਅਤੇ ਯੂਥ ਅਕਾਲੀ ਦਲ ਦੇ ਪੰਜਾਬ ਦੇ ਜਨਰਲ ਸਕੱਤਰ ਰਹਿਣ ਤੋਂ ਇਲਾਵਾ ਅਕਾਲੀ ਦਲ ਦੀ ਸਰਕਾਰ ਦੀ ਸਰਕਾਰ ਵੇਲੇ ਬਣੀਆਂ ਅਨੇਕਾਂ ਕਮੇਟੀਆਂ ਦੇ ਸਮੇਂ ਸਮੇਂ 'ਤੇ ਮੈਂਬਰ ਵੀ ਰਹੇ ਹਨ। ਅੱਜ ਕੱਲ੍ਹ ਉਹ ਸ਼੍ਰੋਮਣੀ ਅਕਾਲੀ ਦਲ ਦੀ ਜ਼ਿਲ੍ਹਾ ਇਕਾਈ ਦੇ ਸੀਨੀਅਰ ਮੀਤ ਪ੍ਰਧਾਨ ਵੀ ਹਨ। ਜੇਕਰ ਸ਼੍ਰੀ ਖਾਲਸਾ ਦੁਬਾਰਾ ਪੰਥ ਲਈ ਕੀਤੀਆਂ ਗਈਆਂ ਕੁਰਬਾਨੀਆਂ ਦੀ ਗੱਲ ਕਰੀਏ, ਤਾਂ ਉਹ ਅਕਾਲੀ ਦਲ ਦੇ ਵੱਖ ਵੱਖ ਮੋਰਚਿਆਂ ਵਿੱਚ ਸਵ: ਪ੍ਰਕਾਸ਼ ਸਿੰਘ ਬਾਦਲ ਸਮੇਤ ਅਨੇਕਾਂ ਅਕਾਲੀ ਆਗੂਆਂ ਨਾਲ ਲਗਭਗ ਦੋ ਸਾਲ ਜੇਲ੍ਹਾਂ ਕੱਟ ਚੁੱਕੇ ਹਨ। ਉਹਨਾਂ ਦੱਸਿਆ ਕਿ ਉਹ ਸੰਤ ਜਰਨੈਲ ਸਿੰਘ ਭਿੰਡਰਾਂ ਵਾਲੇ ਦੇ ਪਿਤਾ ਜੋਗਿੰਦਰ ਸਿੰਘ ਤੋਂ ਇਲਾਵਾ ਕਿਸਾਨ ਆਗੂ ਅਜਮੇਰ ਸਿੰਘ ਲੱਖੋਵਾਲ, ਸਿਮਰਨਜੀਤ ਸਿੰਘ ਮਾਨ, ਸੁੱਚਾ ਸਿੰਘ ਛੋਟੇਪੁਰ, ਅਵਤਾਰ ਸਿੰਘ ਮੱਕੜ ਅਤੇ ਠੇਕੇਦਾਰ ਸੁਰਜਨ ਸਿੰਘ ਸਮੇਤ ਅਨੇਕਾਂ ਆਗੂਆਂ ਦੇ ਨਾਲ ਹੁਣ ਤੱਕ ਜੇਲ੍ਹਾਂ ਕੱਟ ਚੁੱਕੇ ਹਨ। ਪੀ.ਏ.ਸੀ ਮੈਂਬਰ ਨਿਯੁਕਤ ਕੀਤੇ ਜਾਣ 'ਤੇ ਉਹਨਾਂ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਇਸ ਡਿਊਟੀ ਨੂੰ ਤਨਦੇਹੀ ਨਾਲ ਨਿਭਾਉਣ ਦਾ ਵਾਅਦਾ ਕੀਤਾ ਹੈ।

ਮਾਡਲ ਟਾਊਨ ਐਕਸਟੈਂਸ਼ਨ ਵੈਲਫ਼ੇਅਰ ਐਸੋ: ਦੇ ਅਹੁਦੇਦਾਰ ਸਨਮਾਨਿਤ

ਲੁਧਿਆਣਾ, 13 ਅਗਸਤ (ਰਵਿੰਦਰ ਸ